ਰਾਮਕਲੀ ਮਹਲਾ ੫ ॥ ਹੋਵੈ ਸੋਈ ਭਲ ਮਾਨੁ ॥ ਆਪਨਾ ਤਜਿ ਅਭਿਮਾਨੁ ॥ ਦਿਨੁ ਰੈਨਿ ਸਦਾ ਗੁਨ ਗਾਉ ॥ ਪੂਰਨ ਏਹੀ ਸੁਆਉ ॥ ੧॥ ਆਨੰਦ ਕਰਿ ਸੰਤ ਹਰਿ ਜਪਿ ॥ ਛਾਡਿ ਸਿਆਨਪ ਬਹੁ ਚਤੁਰਾਈ ਗੁਰ ਕਾ ਜਪਿ ਮੰਤੁ ਨਿਰਮਲ ॥੧॥ ਰਹਾਉ ॥ ਏਕ ਕੀ ਕਰਿ ਆਸ ਭੀਤਰਿ ॥ ਨਿਰਮਲ ਜਪਿ ਨਾਮੁ ਹਰਿ ਹਰਿ ॥ ਗੁਰ ਕੇ ਚਰਨ ਨਮਸਕਾਰਿ ॥ ਭਵਜਲੁ ਉਤਰਹਿ ਪਾਰਿ ॥੨॥ ਦੇਵਨਹਾਰ ਦਾਤਾਰ ॥ ਅੰਤੁ ਨ ਪਾਰਾਵਾਰ ॥ ਜਾ ਕੈ ਘਰਿ ਸਰਬ ਨਿਧਾਨ ॥ ਰਾਖਨਹਾਰ ਨਿਦਾਨ ॥ ੩॥ ਨਾਨਕ ਪਾਇਆ ਏਹੁ ਨਿਧਾਨ ॥ ਹਰੇ ਹਰਿ ਨਿਰਮਲ ਨਾਮ ॥ ਜੋ ਜਪੈ ਤਿਸ ਕੀ ਗਤਿ ਹੋਇ ॥ ਨਾਨਕ ਕਰਮਿ ਪਰਾਪਤਿ ਹੋਇ ॥੪॥੨੯॥੪੦॥ {ਪੰਨਾ 895}

ਪਦਅਰਥ:- ਹੋਵੈ—ਜੋ ਕੁਝ ਪ੍ਰਭੂ ਦੀ ਰਜ਼ਾ ਅਨੁਸਾਰ ਹੋ ਰਿਹਾ ਹੈ। ਸੋਈ—ਉਸੇ ਨੂੰ। ਭਲ—ਭਲਾ, ਚੰਗਾ। ਮਾਨੁ—ਮੰਨ। ਤਜਿ—ਛੱਡ। ਰੈਨਿ—ਰਾਤ। ਗਾਉ—ਗਾਂਦਾ ਰਹੁ। ਸੁਆਉ—ਜੀਵਨ-ਮਨੋਰਥ। ਪੂਰਨ—ਮੁਕੰਮਲ, ਠੀਕ।1।

ਸੰਤ ਹਰਿ ਜਪਿ—ਸੰਤ-ਪ੍ਰਭੂ ਦਾ ਨਾਮ ਜਪਦਾ ਰਹੁ। ਮੰਤੁ—ਮੰਤਰ, ਸ਼ਬਦ। ਨਿਰਮਲ—ਪਵਿੱਤਰ।1। ਰਹਾਉ।

ਭੀਤਰਿ—ਆਪਣੇ ਅੰਦਰ। ਨਮਸਕਾਰਿ—ਸਿਰ ਨਿਵਾਇਆ ਕਰ। ਭਵਜਲੁ—ਸੰਸਾਰ-ਸਮੁੰਦਰ।2।

ਦੇਵਨਹਾਰ—ਸਭ ਕੁਝ ਦੇਣ ਦੀ ਤਾਕਤ ਵਾਲਾ। ਪਾਰਾਵਾਰ—ਪਾਰ-ਅਵਾਰ, ਪਾਰਲਾ ਉਰਲਾ ਬੰਨਾ। ਜਾ ਕੈ ਘਰਿ—ਜਿਸ (ਪ੍ਰਭੂ) ਦੇ ਘਰ ਵਿਚ। ਸਰਬ—ਸਾਰੇ। ਨਿਦਾਨ—ਆਖ਼ਰ ਨੂੰ, ਜਦੋਂ ਹੋਰ ਸਾਰੀਆਂ ਆਸਾਂ ਮੁੱਕ ਜਾਣ।3।

ਜੋ—ਜਿਹੜਾ ਮਨੁੱਖ। ਤਿਸ ਕੀ—{ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਗਤਿ—ਉੱਚੀ ਆਤਮਕ ਅਵਸਥਾ। ਕਰਮਿ—(ਪ੍ਰਭੂ ਦੀ) ਬਖ਼ਸ਼ਸ਼ ਦੀ ਰਾਹੀਂ।4।

ਅਰਥ:- ਹੇ ਭਾਈ! ਇਹ ਖ਼ਿਆਲ ਛੱਡ ਦੇਹ ਕਿ ਗੁਰੂ ਦੀ ਅਗਵਾਈ ਤੋਂ ਬਿਨਾ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਤੂੰ ਬੜਾ ਸਿਆਣਾ ਤੇ ਚਤੁਰ ਹੈਂ। ਗੁਰੂ ਦਾ ਪਵਿੱਤਰ ਸ਼ਬਦ-ਮੰਤ੍ਰ ਜਪਿਆ ਕਰ, (ਸ਼ਾਂਤੀ ਦੇ ਸੋਮੇ) ਸੰਤ-ਹਰੀ ਦਾ ਨਾਮ ਜਪਿਆ ਕਰ ਤੇ (ਇਸ ਤਰ੍ਹਾਂ) ਆਤਮਕ ਆਨੰਦ (ਸਦਾ) ਮਾਣ।1। ਰਹਾਉ।

ਹੇ ਭਾਈ! ਜੋ ਕੁਝ ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ ਉਸੇ ਨੂੰ ਭਲਾ ਮੰਨ, ਆਪਣਾ (ਸਿਆਣਪ ਦਾ) ਮਾਣ ਛੱਡ ਦੇਹ। ਦਿਨ ਰਾਤ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਰਹੁ; ਬੱਸ! ਇਹੀ ਹੈ ਠੀਕ ਜੀਵਨ-ਮਨੋਰਥ।1।

ਹੇ ਭਾਈ! ਇਕ ਪਰਮਾਤਮਾ ਦੀ (ਸਹਾਇਤਾ ਦੀ) ਆਸ ਆਪਣੇ ਮਨ ਵਿਚ ਟਿਕਾਈ ਰੱਖ, ਪਰਮਾਤਮਾ ਦਾ ਪਵਿੱਤਰ ਨਾਮ ਸਦਾ ਜਪਦਾ ਰਹੁ; ਗੁਰੂ ਦੇ ਚਰਨਾਂ ਉਤੇ ਆਪਣਾ ਸਿਰ ਨਿਵਾਈ ਰੱਖ, (ਇਸ ਤਰ੍ਹਾਂ) ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਏਂਗਾ।2।

(ਹੇ ਭਾਈ! ਇਹ ਯਾਦ ਰੱਖ ਕਿ) ਦਾਤਾਂ ਦੇਣ ਵਾਲਾ ਪ੍ਰਭੂ (ਸਭ ਕੁਝ) ਦੇਣ ਦੇ ਸਮਰੱਥ ਹੈ, ਉਸ ਦਾ ਅੰਤ ਨਹੀਂ ਪੈ ਸਕਦਾ, ਉਸ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ। ਹੇ ਭਾਈ! ਜਿਸ ਪ੍ਰਭੂ ਦੇ ਘਰ ਵਿਚ ਸਾਰੇ ਖ਼ਜ਼ਾਨੇ ਮੌਜੂਦ ਹਨ, ਉਹੀ ਆਖ਼ਰ ਰੱਖਿਆ ਕਰਨ ਜੋਗਾ ਹੈ।3।

ਹੇ ਭਾਈ! ਜਿਸ ਮਨੁੱਖ ਨੇ ਪਰਮਾਤਮਾ ਦੇ ਪਵਿੱਤਰ ਨਾਮ ਦਾ ਇਹ ਖ਼ਜ਼ਾਨਾ ਲੱਭ ਲਿਆ, ਜੋ ਮਨੁੱਖ ਇਸ ਨਾਮ ਨੂੰ (ਸਦਾ) ਜਪਦਾ ਹੈ ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ। ਪਰ, ਹੇ ਨਾਨਕ! ਇਹ ਨਾਮ-ਖ਼ਜ਼ਾਨਾ ਪਰਮਾਤਮਾ ਦੀ ਮਿਹਰ ਨਾਲ ਹੀ ਮਿਲਦਾ ਹੈ।4। 29। 40।